# ਦਫ਼ਤਰ ਨਗਰ ਨਿਗਮ ਹੁਸ਼ਿਆਰਪੁਰ।

# ਪ੍ਰੈਸ -ਨੋਟ

## ਸਵੱਛ ਭਾਰਤ ਅਭਿਆਨ ਤਹਿਤ ਨਗਰ ਨਿਗਮ ਵੱਲੋਂ ਬੱਸ ਸਟੈਂਡ ਦੇ ਆਲੇ-ਦੁਆਲੇ ਸਫਾਈ ਅਭਿਆਨ ਵਿਚ ਤਿਕਸ਼ਨ ਸੂਦ ਅਤੇ ਮੇਅਰ ਸ਼ਿਵ ਸੂਦ ਨੇ ਕੀਤੀ ਸਫਾਈ

ਹੁਸ਼ਿਆਰਪੁਰ 02 ਅਕਤੂਬਰ ਭਾਰਤ ਦੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਵੱਲੋਂ ਸ਼ੁਰੂ ਕੀਤੇ ਗਏ ਸਵੱਛ ਭਾਰਤ ਅਭਿਆਨ ਦੇ ਤਹਿਤ ਨਗਰ ਨਿਗਮ ਵੱਲੋਂ ਅੱਜ ਬੱਸ ਸਟੈਂਡ ਅਤੇ ਇਸ ਦੇ ਆਲੇ-ਦੁਆਲੇ ਸਫਾਈ ਅਭਿਆਨ ਚਲਾਇਆ ਗਿਆ ਇਸ ਮੌਕੇ ਤੇ ਰਾਸ਼ਟਰ ਪਿਤਾ ਮਹਾਤਮਾ ਗਾਂਧੀ ਅਤੇ ਲਾਲ ਬਹਾਦੁਰ ਸ਼ਾਸ਼ਤਰੀ ਦੀਆਂ ਫੋਟੋਆਂ ਤੇ ਮੁੱਖ ਮੰਤਰੀ ਪੰਜਾਬ ਦੇ ਰਾਜਨੀਤੀਕ ਸਲਾਹਕਾਰ ਤਿਕਸ਼ਨ ਸੂਦ, ਨਗਰ ਨਿਗਮ ਦੇ ਮੇਅਰ ਸ਼ਿਵ ਸੂਦ, ਕਾਰਜ ਸਾਧਕ ਅਫ਼ਸਰ ਰਮੇਸ਼ ਕੁਮਾਰ, ਨਗਰ ਨਿਗਮ ਦੇ ਸਫਾਈ ਵਿਭਾਗ ਦੇ ਅਧਿਕਾਰੀਆਂ/ਕਰਮਚਾਰੀਆਂ ਅਤੇ ਕੌਂਸਲਰਾਂ ਨੇ ਫੁੱਲ ਮਾਲਾਵਾਂ ਪਾ ਕੇ ਸ਼ਰਧਾ ਦੇ ਫੁੱਟ ਭੇਟ ਕਰਨ ਉਪਰੰਤ ਸਫਾਈ ਅਭਿਆਨ ਦੀ ਸ਼ੁਰੂਆਤ ਕੀਤੀ। ਇਸ ਮੌਕੇ ਤੇ ਸ੍ਰੀ ਸੂਦ ਨੇ ਕਿਹਾ ਕਿ ਸਮੂਹ ਕੌਂਸਲਰ ਆਪਣੇ-ਆਪਣੇ ਵਾਰਡ ਵਿਚ ਵੀ ਸਫਾਈ ਅਭਿਆਨ ਚਲਾਉਣ ਤਾਂ ਜੋ ਸ਼ਹਿਰ ਨੂੰ ਸ਼ਹਿਰ ਨੂੰ ਸਾਫ-ਸੁਥਰਾ ਅਤੇ ਸੁੰਦਰ ਬਣਾਇਆ ਜਾ ਸਕੇ। ਉਹਨਾਂ ਸ਼ਹਿਰ ਵਾਸੀਆਂ ਨੂੰ ਅਪੀਲ ਕੀਤੀ ਕਿ ਭਾਰਤ ਦੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਵੱਲੋਂ ਚਲਾਏ ਗਏ ਸਵੱਛ ਭਾਰਤ ਅਭਿਆਨ ਤਹਿਤ ਆਪਣੇ ਘਰਾਂ ਅਤੇ ਆਲੇ-ਦੁਆਲੇ ਨੂੰ ਸਾਫ ਸੁਥਰਾ ਬਣਾਉਣ ਲਈ ਨਗਰ ਨਿਗਮ ਨੂੰ ਸਹਿਯੋਗ ਦੇਣ।

ਅੱਜ ਦੇ ਸਫਾਈ ਅਭਿਆਨ ਵਿਚ ਸੈਨੇਟਰੀ ਇੰਸਪੈਕਟਰ ਸੰਜੀਵ ਕੁਮਾਰ, ਜਨਕ ਰਾਜ, ਸੁਰਿੰਦਰ ਕੁਮਾਰ, ਕੌਂਸਲਰ ਨਿਪੁੰਨ ਸ਼ਰਮਾ, ਸੁਰੇਸ਼ ਭਾਟੀਆ ਬਿੱਟੂ, ਅਸ਼ੋਕ ਕੁਮਾਰ, ਰੂਪ ਲਾਲ ਥਾਪਰ, ਸੁਧਰਸ਼ਨ ਧੀਰ, ਮੀਨੂੰ ਸੇਠੀ, ਕੁਲਵੰਤ ਕੌਰ, ਕਮਲਜੀਤ ਘੰਮਾ, ਵਿਨੇ ਕੁਮਾਰ, ਸੁਨੀਲ ਸੈਣੀ, ਅੰਸ਼ੂਲ ਜੈਨ, ਪ੍ਰਿੰਸ ਗੁਮਰ ਅਤੇ ਸਮੂਹ ਸਫਾਈ ਸੇਵਕਾਂ ਨਾਲ ਸਫਾਈ ਅਭਿਆਨ ਵਿਚ ਹਿੱਸਾ ਲਿਆ।